**GENERAL SHIVDEV SINGH DIWAN GURBACHAN SINGH**

# KHALSA COLLEGE PATIALA

**AN AUTONOMOS COLLEGE**

SAHIT SABHA

PUNJABI DEPATMENT

Students Attendance in Co-curricular Activities
Session – 2021-22
Name of Activity – Eductional Trip
Coordinator - Prof Paramjit Kaur
Convener - Prof. Jagroop Kaur
Date - 23. April. 2022
No. of the Students Participated – 40



23 ਅਪ੍ਰੈਲ 2022 ਨੂੰ ਪੰਜਾਬੀ ਵਿਭਾਗ ਵੱਲੋਂ ਐਮ. ਏ ਭਾਗ ਪਹਿਲਾ ਅਤੇ ਐਮ. ਏ ਭਾਗ ਦੂਜਾ ਦੇ ਵਿਦਿਆਰਥੀਆਂ ਦਾ ਵਿੱਦਿਅਕ ਟ੍ਰਿਪ ਲਿਜਾਇਆ ਗਿਆ। ਜਿਸ ਵਿੱਚ ਅਠਾਈ ਵਿਦਿਆਰਥੀਆਂ ਅਤੇ ਛੇ ਪ੍ਰੋਫੈਸਰ ਸਾਹਿਬਾਨ ਟ੍ਰਿਪ ਦਾ ਹਿੱਸਾ ਬਣੇ।ਟ੍ਰਿਪ ਦੌਰਾਨ ਵਿਦਿਆਰਥੀਆਂ ਨੇ ਆਨੰਦਪੁਰ ਸਾਹਿਬ,ਵਿਰਾਸਤ ਏ ਖਾਲਸਾ',ਬਿਭੋਰ ਸਾਹਿਬ ਅਤੇ ਮੈਪਲ ਪਾਰਕ ਦੀ ਯਾਤਰਾ ਕੀਤੀ।ਇਸ ਟ੍ਰਿਪ ਦਾ ਮੁੱਖ ਮਨੋਰਥ ਵਿਦਿਆਰਥੀਆਂ ਅੰਦਰ ਅਨੁਸ਼ਾਸਨ,ਸਦਭਾਵਨਾ ਅਤੇ ਉੱਚੇ ਨੈਤਿਕ ਮੁੱਲਾਂ ਨੂੰ ਪੈਦਾ ਕਰਨਾ ਤੇ ਇਸਦੇ ਨਾਲ ਹੀ ਵਿਦਿਆਰਥੀਆਂ ਨੂੰ ਆਪਣੇ ਇਤਿਹਾਸ ਤੋਂ ਜਾਣੂ ਕਰਵਾਉਂਦੇ ਹੋਏ ਉਨ੍ਹਾਂ ਨੂੰ ਆਪਣੇ ਵਿਰਸੇ ਨਾਲ ਜੋੜਨਾ ਸੀ।

# ਖ਼ਾਲਸਾ ਕਾਲਜ ਪਟਿਆਲਾ ਦੇ ਵਿਦਿਆਰਥੀਆਂ ਨੇ ਕੀਤਾ ਵਿਰਾਸਤ-ਏ-ਖ਼ਾਲਸਾ ਦਾ ਇੱਕ ਰੋਜ਼ਾ ਵਿੱਦਿਅਕ ਦੌਰਾ

ਪੰਜਾਬ ਟਾਇਮਜ਼ | ਵਿਸ਼ੇਸ਼



ਖ਼ਾਲਸਾ ਕਾਲਜ ਪਟਿਆਲਾ ਦੇ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਦੇ ਐੱਮ ਏ ਭਾਗ ਪਹਿਲਾ, ਦੂਜਾ ਅਤੇ ਬੀ ਐੱਸਸੀ ਮੈਡੀਕਲ ਭਾਗ ਤੀਜਾ ਦੇ ਵਿਦਿਆਰਥੀਆਂ ਨੇ ਕੀਤਾ ਵਿਰਾਸਤ-ਏ-ਖ਼ਾਲਸਾ ਦਾ ਇਕ ਰੋਜ਼ਾ ਵਿੱਦਿਅਕ ਦੌਰਾ ਕੀਤਾ। ਇਸ਼ ਦੌਰੇ ਦੌਰਾਨ 40 ਵਿਦਿਆਰਥੀਆਂ ਅਤੇ 6 ਪ੍ਰੋਫੈਸਰ ਸਹਿਬਾਨਾਂ ਨੇ ਸ਼ਿਰਕਤ ਕੀਤੀ। ਇਸ ਮੌਕੇ ਵਿਦਿਆਰਥੀਆਂ ਨੂੰ ਗੁਰਦੁਆਰਾ ਕੇਸਗੜ੍ਹ ਸਾਹਿਬ ਸ੍ਰੀ ਆਨੰਦਪੁਰ ਸਾਹਿਬ, ਵਿਰਾਸਤ-ਏ-ਖਾਲਸਾ, ਬਿਭੌਰ ਸਾਹਿਬ, ਟਿੱਬੀ ਸਾਹਿਬ, ਮੈਪਲ ਜੰਗਲ ਕੈਂਪ ਆਦਿ ਵਿਖਾਏ ਗਏ। ਡਾ. ਧਰਮਿੰਦਰ ਸਿੰਘ ਉੱਭਾ ਪ੍ਰਿੰਸੀਪਲ ਖ਼ਾਲਸਾ ਕਾਲਜ ਪਟਿਆਲਾ ਨੇ ਇਸ ਮੌਕੇ ਵਿਭਾਗ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਵਿੱਦਿਅਕ ਦੌਰੇ ਦੌਰਾਨ ਵਿਦਿਆਰਥੀਆਂ ਨੂੰ ਜਿੱਥੇ ਆਪਣੇ ਇਤਿਹਾਸ ਅਤੇ ਵਿਰਸੇ ਬਾਰੇ ਜਾਣਕਾਰੀ ਮਿਲਦੀ ਹੈ ਉਥੇ ਨਾਲ ਹੀ ਆਪਣੇ ਆਲੇ-ਦੁਆਲੇ ਨੂੰ ਸਿੱਖਣ ਅਤੇ ਪਰਖਣ ਦੀ ਭਾਵਨਾ ਵੀ ਪੈਦਾ ਹੁੰਦੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸਾਡੇ ਵਿਦਿਆਰਥੀ ਜਿੱਥੇ ਵਿੱਦਿਆ ਦੇ ਖੇਤਰ ਵਿੱਚ ਉੱਚ ਪਾਏ ਦੀਆਂ ਪ੍ਰਾਪਤੀਆਂ ਕਰ ਰਹੇ ਹਨ ਉਥੇ ਨਾਲ ਹੀ ਅਜਿਹੇ ਵਿੱਦਿਅਕ ਦੌਰਿਆਂ ਕਾਰਨ ਆਪਣੀ ਜਾਣਕਾਰੀ ਵਿੱਚ ਵਾਧਾ ਵੀ ਕਰ ਰਹੇ ਹਨ। ਇਸ ਮੌਕੇ ਵਿਭਾਗ ਦੇ ਮੁਖੀ ਪ੍ਰੋ.ਪਰਮਜੀਤ ਕੌਰ ਨੇ ਕਿਹਾ ਕਿ ਸਾਡਾ ਇਸ ਵਿੱਦਿਅਕ ਦੌਰੇ ਦਾ ਮੁੱਖ ਮਕਸਦ ਵਿਦਿਆਰਥੀਆਂ ਨੂੰ ਸ੍ਰੀ ਆਨੰਦਪੁਰ ਸਾਹਿਬ ਦੀ ਧਰਤੀ ਉੱਤੇ ਖ਼ਾਲਸਾ ਪੰਥ ਦੀ ਸਾਜਨਾ ਬਾਰੇ ਇਤਿਹਾਸਕ ਜਾਣਕਾਰੀ ਮੁਹੱਈਆ ਕਰਵਾਉਣਾ ਅਤੇ ਉਥੇ ਬਣਾਏ ਗਏ ਵਿਰਾਸ-ਏ-ਖਾਲਸਾ ਵਿੱਚ ਸੱਭਿਆਚਾਰਕ ਅਤੇ ਇਤਿਹਾਸਕ ਸਰਗਰਮੀਆਂ ਦੀਆਂ ਵੱਖ-ਵੱਖ ਝਲਕੀਆਂ ਬਾਰੇ ਜਾਣੂ ਕਰਵਾਉਣਾ ਸੀ। ਇਸ ਤੋਂ ਇਲਾਵਾ ਹੋਰ ਇਤਿਹਾਸਕ ਗੁਰਦੁਆਰਿਆਂ ਦੇ ਦਰਸ਼ਨ ਦੀਦਾਰੇ ਵੀ ਕਰਵਾਏ ਗਏ ਤਾਂ ਜੋ ਵਿਦਿਆਰਥੀਆਂ ਨੂੰ ਇਤਿਹਾਸ ਅਤੇ ਹੋਰ ਜਾਣਕਾਰੀ ਮੁਹੱਈਆ ਕਰਵਾਈ ਜਾ ਸਕੇ।



ਵਿਰਾਸਤ-ਏ-ਖ਼ਾਲਸਾ ਦੇ ਵਿੱਦਿਅਕ ਦੌਰੇ ਦੌਰਾਨ ਵਿਦਿਆਰਥੀ।

# ਵਿਦਿਆਰਥੀਆਂ ਵੱਲੋਂ ਵਿਰਾਸਤ-ਏ-ਖ਼ਾਲਸਾ ਦਾ ਦੌਰਾ

**ਪੱਤਰ ਪ੍ਰੇਰਕ, ਪਟਿਆਲਾ** : ਖ਼ਾਲਸਾ ਕਾਲਜ ਪਟਿਆਲਾ ਦੇ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਦੇ ਐੱਮਏ ਭਾਗ ਪਹਿਲਾ, ਦੂਜਾ ਤੇ ਬੀਐੱਸਸੀ ਮੈਡੀਕਲ ਭਾਗ ਤੀਜਾ ਦੇ ਵਿਦਿਆਰਥੀਆਂ ਨੇ ਕੀਤਾ ਵਿਰਾਸਤ-ਏ-ਖ਼ਾਲਸਾ ਦਾ ਇਕ ਰੋਜ਼ਾ ਵਿੱਦਿਅਕ ਦੌਰਾ ਕੀਤਾ। ਇਸ ਦੌਰੇ ਦੌਰਾਨ 40 ਵਿਦਿਆਰਥੀਆਂ ਤੇ 6 ਪ੍ਰੋਫੈਸਰਜ਼ ਨੇ ਸ਼ਿਰਕਤ ਕੀਤੀ।

ਇਸ ਮੌਕੇ ਵਿਦਿਆਰਥੀਆਂ ਨੂੰ ਗੁਰਦੁਆਰਾ ਕੇਸਗੜ੍ਹ ਸਾਹਿਬ ਸ੍ਰੀ ਆਨੰਦਪੁਰ ਸਾਹਿਬ, ਵਿਰਾਸਤ-ਏ-ਖ਼ਾਲਸਾ, ਬਿਭੌਰ ਸਾਹਿਬ, ਟਿੱਬੀ ਸਾਹਿਬ, ਮੈਪਲ ਜੰਗਲ ਕੈਂਪ ਆਦਿ ਵਿਖਾਏ ਗਏ। ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ ਨੇ ਇਸ ਮੌਕੇ ਵਿਭਾਗ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਵਿੱਦਿਅਕ ਦੌਰੇ ਦੌਰਾਨ ਵਿਦਿਆਰਥੀਆਂ ਨੂੰ ਜਿੱਥੇ ਆਪਣੇ ਇਤਿਹਾਸ ਅਤੇ ਵਿਰਸੇ ਬਾਰੇ ਜਾਣਕਾਰੀ ਮਿਲਦੀ ਹੈ, ਉੱਥੇ ਨਾਲ ਹੀ ਆਪਣੇ ਆਲੇ-ਦੁਆਲੇ ਨੂੰ ਸਿੱਖਣ ਅਤੇ ਪਰਖਣ ਦੀ ਭਾਵਨਾ ਵੀ ਪੈਦਾ ਹੁੰਦੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸਾਡੇ ਵਿਦਿਆਰਥੀ ਜਿੱਥੇ ਵਿੱਦਿਆ ਦੇ ਖੇਤਰ ਵਿੱਚ ਉੱਚ ਪਾਏ ਦੀਆਂ ਪ੍ਰਾਪਤੀਆਂ ਕਰ ਰਹੇ ਹਨ, ਉੱਥੇ ਨਾਲ ਹੀ ਅਜਿਹੇ ਵਿੱਦਿਅਕ ਦੌਰਿਆਂ ਕਾਰਨ ਆਪਣੀ ਜਾਣਕਾਰੀ 'ਚ ਵਾਧਾ ਵੀ ਕਰ ਰਹੇ ਹਨ। ਇਸ ਮੌਕੇ ਵਿਭਾਗ ਦੇ ਮੁਖੀ ਪ੍ਰੋ. ਪਰਮਜੀਤ ਕੌਰ ਨੇ ਕਿਹਾ ਕਿ ਸਾਡਾ ਇਸ ਵਿੱਦਿਅਕ ਦੌਰੇ ਦਾ ਮੁੱਖ ਮਕਸਦ ਵਿਦਿਆਰਥੀਆਂ ਨੂੰ ਸ੍ਰੀ ਆਨੰਦਪੁਰ ਸਾਹਿਬ ਦੀ ਧਰਤੀ 'ਤੇ ਖ਼ਾਲਸਾ ਪੰਥ ਦੀ ਸਾਜਨਾ ਬਾਰੇ ਇਤਿਹਾਸਕ ਜਾਣਕਾਰੀ ਮੁਹੱਈਆ ਕਰਵਾਉਣਾਂ ਅਤੇ ਉੱਥੇ ਬਣਾਏ ਗਏ ਵਿਰਾਸਤ-ਏ-ਖ਼ਾਲਸਾ 'ਚ ਸੱਭਿਆਚਾਰਕ ਅਤੇ ਇਤਿਹਾਸਕ ਸਰਗਰਮੀਆਂ ਦੀਆਂ ਵੱਖ-ਵੱਖ ਝਲਕੀਆਂ ਬਾਰੇ ਜਾਣੂ ਕਰਵਾਉਣਾ ਸੀ। ਇਸ ਤੋਂ ਇਲਾਵਾ ਹੋਰ ਇਤਿਹਾਸਕ ਗੁਰਦੁਆਰਿਆਂ ਦੇ ਦਰਸ਼ਨ ਦੀਦਾਰੇ ਵੀ ਕਰਵਾਏ ਗਏ ਤਾਂ ਜੋ ਵਿਦਿਆਰਥੀਆਂ ਨੂੰ ਇਤਿਹਾਸ ਅਤੇ ਹੋਰ ਜਾਣਕਾਰੀ ਮੁਹੱਈਆ ਕਰਵਾਈ ਜਾ ਸਕੇ।